# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 14-06-2024**

- ਕੇਂਦਰ ਸਰਕਾਰ, ਕਣਕ ਦੀ ਬਾਜ਼ਾਰੀ ਕੀਮਤ 'ਤੇ ਕਰੜੀ ਨਜ਼ਰ ਰੱਖ ਰਹੀ ਏ।
- NCC ਡਾਇਰੈਕਟੋਰੇਟ ਵੱਲੋਂ ਚੰਡੀਗੜ੍ਹ ਵਿਖੇ ਸੈਮੀਨਾਰ ਕਰਵਾਇਆ ਗਿਆ।
- ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਪਾਕਿਸਤਾਨ ਜਾਣ ਲਈ 316 ਸ਼ਰਧਾਲੂਆਂ ਨੂੰ ਵੀਜ਼ੇ ਮਿਲੇ।
- ਜਲੰਧਰ ਵਿਖੇ 114 ਬਟਾਲੀਅਨ ਰੈਪਿਡ ਐਕਸ਼ਨ ਫੋਰਸ ਵਲੋਂ ਖ਼ੂਨਦਾਨ ਕੈਂਪ ਦਾ ਆਯੋਜਨ।

---

ਸਰਕਾਰ, ਕਣਕ ਦੀ ਬਾਜਾਰੀ ਕੀਮਤ 'ਤੇ ਕਰੜੀ ਨਜ਼ਰ ਰੱਖ ਰਹੀ ਏ।

ਖਪਤਕਾਰ ਮਾਮਲਿਆਂ, ਖੁਰਾਕ ਅਤੇ ਜਨਤਕ ਵੰਡ ਮੰਤਰਾਲੇ ਨੇ ਕਿਹਾ

ਏ ਕਿ ਭੰਡਾਰਨ ਨੂੰ ਰੋਕਣ ਅਤੇ ਕਣਕ ਦੀ ਬਾਜਾਰੀ ਕੀਮਤ ਵਿੱਚ ਸਥਿਰਤਾ ਬਣਾਈ ਰੱਖਣ ਲਈ ਢੁਕਵੇਂ ਉਪਾਅ ਕੀਤੇ ਜਾਣਗੇ। ਮੰਤਰਾਲੇ ਨੇ ਕਿਹਾ ਕਿ ਖੁਰਾਕ ਅਤੇ ਜਨਤਕ ਵੰਡ ਵਿਭਾਗ ਨੇ, ਹਾੜੀ ਦੇ ਮੰਡੀਕਰਨ ਸੀਜ਼ਨ 2024 ਦੌਰਾਨ, 11 ਕਰੋੜ 20 ਲੱਖ ਮੀਟ੍ਰਿਕ ਟਨ ਕਣਕ ਦੇ ਉਤਪਾਦਨ ਦੀ ਰਿਪੋਰਟ ਕੀਤੀ ਏ।

---------------------------------------------------------

ਲੋਕ ਸਭਾ ਸਪੀਕਰ ਦੀ ਚੋਣ 26 ਜੂਨ ਨੂੰ ਹੋਵੇਗੀ। 18ਵੀਂ ਲੋਕ ਸਭਾ ਦਾ ਪਹਿਲਾ ਇਜਲਾਸ 24 ਜੂਨ ਤੋਂ ਸ਼ੁਰੂ ਹੋ ਰਿਹਾ ਏ। ਇਜਲਾਸ ਦੌਰਾਨ ਨਵੇਂ ਚੁਣੇ ਗਏ ਮੈਂਬਰਾਂ ਨੂੰ ਸਹੁੰ ਚੁਕਾਈ ਜਾਵੇਗੀ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਲੋਕ ਸਭਾ ਅਤੇ ਰਾਜ ਸਭਾ ਦੀ ਸਾਂਝੀ ਬੈਠਕ ਨੂੰ ਸੰਬੋਧਿਤ ਕਰਨਗੇ ਅਤੇ ਇਸ ਤੋਂ ਬਾਅਦ ਦੋਹਾਂ ਸਦਨਾਂ 'ਚ, ਉਨ੍ਹਾਂ ਦੇ ਸੰਬੋਧਨ 'ਤੇ ਚਰਚਾ ਹੋਵੇਗੀ। ਰਾਜ ਸਭਾ ਦਾ ਇਜਲਾਸ 27 ਜੂਨ ਤੋਂ ਸ਼ੁਰੂ ਹੋਵੇਗਾ।

---------------------------------------------------------

21 ਜੂਨ ਨੂੰ 10ਵੇਂ ਅੰਤਰਰਾਸ਼ਟਰੀ ਯੋਗ ਦਿਵਸ ਤੋਂ ਪਹਿਲਾਂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸੋਸ਼ਲ ਮੀਡੀਆ ਪਲੇਟਫਾਰਮ ਐਕਸ

'ਤੇ, ਤ੍ਰਿਕੋਣ ਆਸਨ ਦੀ ਇੱਕ ਵੀਡੀਓ ਕਲਿੱਪ ਸਾਂਝੀ ਕੀਤੀ ਏ। ਕਲਿੱਪ ਵਿੱਚ ਸਿਹਤ ਫਾਇਦਿਆਂ ਦੇ ਨਾਲ-ਨਾਲ ਇਸ ਆਸਨ ਨੂੰ ਕਿਵੇਂ ਕਰਨਾ ਏ, ਇਸ ਬਾਰੇ ਵੀ ਦੱਸਿਆ ਗਿਆ ਏ। ਵੀਡੀਓ ਨੂੰ ਸਾਂਝਾ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਮੋਢਿਆਂ, ਪਿੱਠ ਅਤੇ ਇਕਾਗਰਤਾ ਵਿੱਚ ਸੁਧਾਰ ਲਈ, ਤ੍ਰਿਕੋਣ ਆਸਨ ਦਾ ਅਭਿਆਸ ਕਰਨ ਦੀ ਸਲਾਹ ਦਿੱਤੀ।

---------------------------------------------------------

ਇਸ ਵਾਰ ਵੀ ਯੋਗ ਦਿਵਸ ਨੂੰ ਲੈਕੇ, ਲੋਕਾਂ ਵਿਚ ਬਹੁਤ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ। ਜ਼ਿਲਾ ਫਾਜ਼ਿਲਕਾ ਤੇ ਗੁਰਦਾਸਪੁਰ ਤੋਂ ਯੋਗ ਮਾਹਰਾਂ ਅਤੇ ਲੋਕਾਂ ਦਾ ਕਹਿਣਾ ਏ, ਯੋਗ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾ ਕੇ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਦੇ ਨਾਲ ਨਾਲ ਚੰਗੇ ਸਮਾਜ ਦੀ ਸੁਰਜਣਾ ਵੀ ਹੁੰਦੀ ਏ।

---------------------------------------------------------

NCC ਡਾਇਰੈਕਟੋਰੇਟ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਵੱਲੋਂ ਅੱਜ ਚੰਡੀਗੜ੍ਹ ਦੇ ਡੀ.ਏ.ਵੀ ਕਾਲਜ ਸੈਕਟਰ- 10 ਵਿਖੇ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਹ ਸਮਾਗਮ ਕਾਰਗਿਲ

ਯੁੱਧ ਦੇ 25 ਸਾਲ ਪੂਰੇ ਹੋਣ ਨਾਲ ਮੇਲ ਖਾਂਦਾ ਏ ਅਤੇ ਨੌਜਵਾਨ ਐਨ.ਸੀ.ਸੀ ਕੈਡਿਟਾਂ ਨੂੰ ਰੱਖਿਆ ਬਲਾਂ ਦੇ ਅਸਲ ਜੀਵਨ ਨਾਇਕਾਂ ਨਾਲ ਗੱਲਬਾਤ ਕਰਨ ਲਈ ਇੱਕ ਢੁਕਵਾਂ ਮੰਚ ਪ੍ਰਦਾਨ ਕਰਦਾ ਏ। ਜਨਰਲ ਵੀ.ਪੀ. ਮਲਿਕ, ਅਤੇ ਲੈਫਟੀਨੈਂਟ ਜਨਰਲ ਵਾਈ ਕੇ ਜੋਸ਼ੀ, ਉੱਤਰੀ ਕਮਾਂਡ ਦੇ ਸਾਬਕਾ ਫੌਜ ਕਮਾਂਡਰ (ਸੇਵਾਮੁਕਤ) ਨੇ ਵਿਸ਼ੇਸ਼ ਮਹਿਮਾਨ ਬੁਲਾਰਿਆਂ ਵਜੋਂ ਸ਼ਿਰਕਤ ਕੀਤੀ । ਜਨਰਲ ਵੀ.ਪੀ. ਮਲਿਕ ਨੇ ਇਸ ਉਪਰਾਲੇ ਲਈ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਕੈਡਿਟਾਂ ਲਈ ਸਾਡੇ ਕਾਰਗਿਲ ਨਾਇਕਾਂ ਦੀਆਂ ਬਹਾਦਰੀ ਦੀਆਂ ਕਹਾਣੀਆਂ ਬਾਰੇ ਜਾਣਨ ਦਾ ਅਸਲ ਮਾਧਿਅਮ ਏ। ਉਨ੍ਹਾਂ ਦੱਸਿਆ ਕਿ ਇਹ ਸ਼ਲਾਘਾਯੋਗ ਏ ਕਿ ਸਰਕਾਰ ਨੇ ਐਨ.ਸੀ.ਸੀ ਕੈਡਿਟਾਂ ਦੀ ਗਿਣਤੀ ਵਧਾਉਣ ਦਾ ਫੈਸਲਾ ਕੀਤਾ ਏ। ਡਾਇਰੈਕਟਰ ਜਨਰਲ ਐਨ.ਸੀ.ਸੀ. ਲੈਫਟੀਨੈਂਟ ਜਨਰਲ ਗੁਰਬੀਰ-ਪਾਲ ਸਿੰਘ, ਨੇ ਕਿਹਾ ਕਿ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਦੇ ਐਨ.ਸੀ.ਸੀ ਡਾਇਰੈਕਟੋਰੇਟ ਦੁਆਰਾ ਆਯੋਜਿਤ ਇਸ ਪ੍ਰੇਰਕ ਸੈਮੀਨਾਰ ਵਿੱਚ ਕਾਰਗਿਲ ਵਿੱਚ ਜਿੱਤ ਦੇ 25 ਸਾਲ ਪੂਰੇ ਹੋਣ ਦਾ ਜਸ਼ਨ ਮਨਾਇਆ ਜਾ

ਰਿਹਾ ਏ। ਸਾਰੇ ਮਹਿਮਾਨ ਬੁਲਾਰਿਆਂ ਨੂੰ ਡੀ.ਜੀ. ਐਨ.ਸੀ.ਸੀ ਵੱਲੋਂ ਸਨਮਾਨਿਤ ਕੀਤਾ ਗਿਆ।

----------------------------------------------------

ਦੇਸ਼ ਵਿਚ ਸਾਲ 1872 ਵਿਚ ਬਣੇ ਤਿੰਨ ਅਪਰਾਧਕ ਕਾਨੂੰਨਾਂ ਦੀ ਥਾਂ, ਕੇਂਦਰ ਸਰਕਾਰ ਵਲੋਂ ਹੁਣ ਮੌਜੂਦਾ ਸਮੇਂ ਦੀ ਲੋੜ ਮੁਤਾਬਿਕ ਬਣਾਏ ਗਏ, ਇਹ ਨਵੇਂ ਕਾਨੂੰਨ ਪਹਿਲੀ ਜੁਲਾਈ ਤੋਂ ਲਾਗੂ ਹੋਣ ਜਾ ਰਹੇ ਨੇ। ਮੋਗਾ ਜ਼ਿਲੇ ਤੋਂ ਕ਼ਾਨੂਨ ਖੇਤਰ ਨਾਲ ਜੁੜੇ ਮਾਹਰਾਂ ਦਾ ਮਨਣਾ ਏ ਕਿ ਇਨਾ ਕਾਨੂੰਨਾਂ ਨਾਲ ਲੋਕਾਂ ਨੂੰ ਸੋਖ ਹੋਵੇਗੀ ਅਤੇ ਨਿਆਂ ਛੇਤੀ ਮਿਲੇਗਾ।

----------------------------------------------------

ਕੌਮੀ ਅਪਰਾਧ ਰਿਕਾਰਡ ਬਿਊਰੋ ਨੇ ਨਵੇਂ ਅਪਰਾਧਿਕ ਕਾਨੂੰਨਾਂ ਬਾਰੇ ਪੂਰੀ ਜਾਣਕਾਰੀ ਦੇਣ ਲਈ ਇੱਕ ਮੋਬਾਈਲ ਐਪ, NCRB ਅਪਰਾਧਿਕ ਵਿਧੀ ਦਾ ਸੰਕਲਨ ਜਾਰੀ ਕੀਤੀ ਏ। ਨਵੇਂ ਅਪਰਾਧਿਕ ਕਾਨੂੰਨ ਪਹਿਲੀ ਜੁਲਾਈ ਤੋਂ ਲਾਗੂ ਹੋ ਜਾਣਗੇ। ਇਸ ਐਪ ਵਿੱਚ ਭਾਰਤੀ ਨਿਆਂਇਕ ਸੰਘਤਾ, ਭਾਰਤੀ ਸਿਵਲ ਰੱਖਿਆ ਕੋਡ ਅਤੇ ਭਾਰਤੀ ਸਬੂਤ ਐਕਟ ਬਾਰੇ ਜਾਣਕਾਰੀ ਦਿੱਤੀ ਗਈ ਏ। ਇਹ ਔਫਲਾਈਨ ਵੀ ਕੰਮ

ਕਰੇਗਾ । ਇਹ ਐਪ ਗੂਗਲ ਪਲੇ ਸਟੋਰ ਅਤੇ ਐੱਪਲ ਸਟੋਰ 'ਤੇ ਉਪਲਬਧ ਏ।

------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਪਾਕਿਸਤਾਨ ਭੇਜੇ ਜਾਣ ਵਾਲੇ ਜਥੇ ਲਈ, 316 ਸ਼ਰਧਾਲੂਆਂ ਨੂੰ ਵੀਜ਼ੇ ਪ੍ਰਾਪਤ ਹੋਏ ਨੇ । ਇਹ ਜਥਾ 21 ਜੂਨ ਨੂੰ ਪਾਕਿਸਤਾਨ ਲਈ ਰਵਾਨਾ ਹੋਵੇਗਾ। ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਦੱਸਿਆ ਏ ਕਿ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਸਬੰਧੀ ਗੁਰਦੁਆਰਾ ਸ੍ਰੀ ਡੇਰਾ ਸਾਹਿਬ ਲਾਹੌਰ ਵਿਖੇ, ਹੋਣ ਵਾਲੇ ਸਮਾਗਮ ਵਿਚ ਸ਼ਮੂਲੀਅਤ ਕਰਨ ਦੇ ਨਾਲ ਪਾਕਿਸਤਾਨ ਸਥਿਤ ਹੋਰ ਗੁਰਧਾਮਾਂ ਦੇ ਦਰਸ਼ਨਾਂ ਲਈ, 339 ਸ਼ਰਧਾਲੂਆਂ ਦੇ ਪਾਸਪੋਰਟ ਵੀਜ਼ਾ ਲਗਵਾਉਣ ਲਈ ਭੇਜੇ ਗਏ ਸਨ, ਜਿਨ੍ਹਾਂ ਵਿਚੋਂ 316 ਨੂੰ ਵੀਜ਼ੇ ਪ੍ਰਾਪਤ ਹੋਏ ਨੇ।

ਉਨ੍ਹਾਂ ਦੱਸਿਆ ਕਿ ਦਿੱਲੀ ਸਥਿਤ ਪਾਕਿਸਤਾਨ ਦੂਤਾਵਾਸ ਵੱਲੋਂ 23 ਸ਼ਰਧਾਲੂਆਂ ਦੇ ਨਾਮ ਕੱਟ ਦਿੱਤੇ ਗਏ ਨੇ। ਇਹ ਜਥਾ 21 ਜੂਨ

ਨੂੰ ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਰਵਾਨਾ ਕੀਤਾ ਜਾਵੇਗਾ, ਜੋ 30 ਜੂਨ ਨੂੰ ਵਾਪਿਸ ਵਤਨ ਪਰਤੇਗਾ ।

------------------------------------------------------------

ਵਿਸ਼ਵ ਖ਼ੂਨਦਾਤਾ ਦਿਵਸ ਮੌਕੇ, 114 ਬਟਾਲੀਅਨ ਰੈਪਿਡ ਐਕਸ਼ਨ ਫੋਰਸ ਵੱਲੋਂ ਜਲੰਧਰ ਵਿਖੇ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ । ਇਸ ਕੈਂਪ ਦੌਰਾਨ ਫੋਰਸ ਦੇ ਕਰੀਬ 50 ਔਰਤ ਅਤੇ ਮਰਦ ਜਵਾਨਾਂ ਨੇ ਪੂਰੇ ਉਤਸ਼ਾਹ ਨਾਲ ਖ਼ੂਨਦਾਨ ਕੀਤਾ, ਜਿਨ੍ਹਾਂ ਨੂੰ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ 114 ਬਟਾਲੀਅਨ ਦੇ ਕਮਾਂਡੈਂਟ ਅਸ਼ਵਨੀ ਕੁਮਾਰ ਝਾਅ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਖ਼ੂਨਦਾਨ ਨੂੰ, ਇਕ ਪਰਉਪਕਾਰ ਦਸਿਆ। 29ਵੀਂ ਵਾਰ ਖ਼ੂਨ ਦਾਨ ਕਰਨ ਵਾਲੇ ਬਟਾਲੀਅਨ ਦੇ ਇੰਸਪੈਕਟਰ ਕਮਲ ਮੀਨਾ ਦਾ ਕਹਿਣਾ ਏ । ਖ਼ੂਨਦਾਨ ਕਰਨ ਵਾਲੇ  ਹੈੱਡ ਕਾਂਸਟੇਬਲ ਜੀ.ਡੀ. ਰਸ਼ਮੀ ਕੌਰ ਨੇ  ਕਿਹਾ ਕਿ ਉਹ ਖ਼ੂਨਦਾਨ ਕਰਕੇ ਖ਼ੁਦ ’ਤੇ ਬਹੁਤ ਫ਼ਖ਼ਰ ਮਹਿਸੂਸ ਕਰ ਰਹੇ ਨੇ ਕਿ ਉਨ੍ਹਾਂ ਵਲੋਂ ਦਿੱਤਾ ਖ਼ੂਨ ਕਿਸੇ ਦੀ ਜ਼ਿੰਦਗੀ ਬਚਾਉਣ ਦੇ ਕੰਮ ਆਵੇਗਾ।

-----------------------------------------------------------

ਬੀਤੇ ਦਿਨੀਂ ਕੁਵੈਤ ਵਿਖੇ ਇਕ ਇਮਾਰਤ ’ਚ ਲੱਗੀ ਭਿਆਨਕ ਅੱਗ ਨਾਲ ਮਰਨ ਵਾਲੇ ਭਾਰਤੀਆਂ ’ਚ ਹੁਸ਼ਿਆਰਪੁਰ ਜ਼ਿਲ੍ਹੇ ਦੇ ਪਿੰਡ ਕੱਕੋਂ ਦਾ 63 ਸਾਲਾ ਹਿੰਮਤ ਰਾਏ ਵੀ ਸ਼ਾਮਿਲ ਏ । ਸਾਡੇ ਪੱਤਰਕਾਰ ਨੇ ਖਬਰ ਦਿਤੀ ਏ ਕਿ ਕਿ ਹਿੰਮਤ ਰਾਏ ਆਪਣੇ ਪਰਿਵਾਰ ’ਚ ਇਕੱਲਾ ਕਮਾਉਣ ਵਾਲਾ ਸੀ। ਉਸਦੀ ਦੀ ਮੌਤ ਦੀ ਖਬਰ ਸੁਣਦੇ ਹੀ ਪਰਿਵਾਰ ਅਤੇ ਪਿੰਡ ’ਚ ਸੋਗ ਦੀ ਲਹਿਰ ਦੌੜ ਗਈ। ਮ੍ਰਿਤਕ ਹਿੰਮਤ ਰਾਏ ਦੀ ਪਤਨੀ ਸਰਬਜੀਤ ਕੌਰ ਨੇ ਦੱਸਿਆ ਕਿ ਉਹ ਪਿਛਲੇ 25 ਸਾਲ ਤੋਂ ਤੋਂ ਕੁਵੈਤ ’ਚ ਕੰਮ ਕਰ ਰਿਹਾ ਸੀ ।

-----------------------------------------------------------

ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦੀ 17ਵੀਂ ਕਿਸ਼ਤ, 18 ਜੂਨ ਨੂੰ ਸਿਧੇ ਲਾਭ ਤਬਾਦਲਾ ਵਿਧੀ ਰਾਹੀਂ ਵੰਡੀ ਜਾਵੇਗੀ। ਇਸ ਯੋਜਨਾ ਦਾ ਲਾਭ ਪ੍ਰਾਪਤ ਕਾਰਨ ਵਾਲੇ ਕਿਸਾਨਾਂ ਨੂੰ ਨਿਰਵਿਘਨ ਲਾਭ ਲੈਣ ਲਈ ਕੁਝ ਗੱਲਾਂ ਧਿਆਨ ਦੇਣ ਯੋਗ ਨੇ। ਜਲੰਧਰ ਡਵੀਜ਼ਨ ਪੋਸਟ ਆਫਿਸ ਦੇ ਸੀਨੀਅਰ ਸੁਪਰਡੈਂਟ ਸੁਭਾਸ਼ ਚੰਦਰ ਮੀਨਾ ਨੇ ਇਸ ਬਾਰੇ

ਜਾਣਕਾਰੀ ਦੀਦਿਆਂ ਦਸਿਆ ਕਿ  ਜੇਕਰ ਕਿਸਾਨਾਂ ਦੇ ਬੈਂਕ ਖਾਤੇ ਵਿੱਚ ਆਧਾਰ ਸੀਡਿੰਗ ਨਾ ਹੋਣ ਕਾਰਨ  ਯੋਜਨਾ ਦੀਆਂ ਕਿਸ਼ਤਾਂ ਬੰਦ ਹੋ ਗਈਆਂ ਨੇ  ਤਾਂ ਕਿਸਾਨ ਨਵਾਂ, I.P.P.B. ਆਧਾਰ ਸੀਡ ਖਾਤਾ ਖੋਲ੍ਹ ਸਕਦੇ ਨੇ। ਇਸ ਤੋਂ ਇਲਾਵਾ ਜੇਕਰ ਤੁਸੀਂ IPPB ਖਾਤੇ ਖੋਲ੍ਹੇ ਨੇ  ਜੋ ਅਜੇ ਤੱਕ ਤੁਹਾਡੇ ਆਧਾਰ ਨਾਲ ਨਹੀਂ ਦਿੱਤੇ ਗਏ ਹਨ, ਤਾਂ ਤੁਹਾਨੂੰ ਆਪਣੇ IPPB ਖਾਤਿਆਂ  ਨੂੰ ਆਪਣੇ ਆਧਾਰ ਕਾਰਡ ਨਾਲ ਸੀਡ ਕਰਵਾਉਣ ਲਈ ਆਪਣੇ ਨਜ਼ਦੀਕੀ ਡਾਕਘਰ ਜਾ ਸਕਦੇ ਓ। ਇਹ ਲਾਭਪਾਤਰੀਆਂ ਨੂੰ ਫਾਇਦਿਆਂ  ਦੇ ਸਿੱਧੇ ਤਬਾਦਲੇ ਵਿੱਚ ਮਦਦ ਕਰੇਗਾ, ਕਿਸੇ ਵੀ ਦੇਰੀ ਜਾਂ ਅੰਤਰ ਨੂੰ ਘੱਟ ਕਰੇਗਾ। ਉਨ੍ਹਾਂ ਸਾਰੇ ਯੋਗ ਕਿਸਾਨਾਂ ਅਤੇ ਖਾਤਾ ਧਾਰਕਾਂ ਨੂੰ ਅਪੀਲ ਕੀਤੀ ਉਹ ਆਪਣੇ ਪ੍ਰਧਾਨ ਮੰਤਰੀ ਕਿਸਾਨ ਖਾਤਿਆਂ ਦੀ ਆਧਾਰ ਸੀਡਿੰਗ ਲਈ ਆਪਣੇ ਨਜ਼ਦੀਕੀ ਡਾਕਘਰ ਵਿੱਚ ਜਾਣ।

---------------------------------------------------

ਪੰਜਾਬ ਵਿਚ ਪਿਛਲੇ ਕਈ ਦਿਨਾਂ ਤੋਂ, ਕਹਿਰ ਢਾ ਰਹੀ ਗਰਮੀ ਹਾਲੇ ਵੀ ਜਾਰੀ ਏ। ਸੂਬੇ ਵਿਚ ਵਗਦੀ ਲੂ, ਹਰ ਕਿਸੇ ਨੂੰ ਪਰੇਸ਼ਾਨ ਕਰ ਰਹੀ ਏ

ਅਤੇ ਆਮ ਜਨ-ਜੀਵਨ ਬੁਰੀ ਤਰਾਂ ਨਾਲ ਪ੍ਰਭਾਵਤ ਹੋਇਆ ਏ। ਅੱਤ ਗਰਮੀ ਤੇ ਲੂ ਦੇ ਇਸ ਗੰਭੀਰ ਹਾਲਾਤ ਨੂੰ ਵੇਖਦਿਆਂ, ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਏ, ਕਿ ਸਿੱਧੀ ਧੁੱਪ ਵਿਚ ਬਾਹਰ ਨਿਕਲਣ ਤੋਂ ਬਚੋ, ਛਾਂ ਵਿੱਚ ਰਹੋ। ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤਕ ਬਾਹਰ ਜਾਣ ਤੋਂ ਪਰਹੇਜ ਕਰੋ। ਜਰੂਰੀ ਮਿਕਦਾਰ ਵਿਚ ਪਾਣੀ ਪਿਓ। ਬੱਚਿਆਂ ਤੇ ਬਜ਼ੁਰਗਾਂ ਨੂੰ ਲੂ ਲੱਗਣ ਦਾ ਖਤਰਾ ਵਧੇਰੇ ਹੁੰਦਾ ਏ ਇਸ ਲਈ ਇਨਾਂ ਦਾ ਖਾਸ ਧਿਆਨ ਰੱਖੋ। ਬੱਚਿਆਂ ਨੂੰ ਲੂ ਤੋਂ ਬਚਾਉਣ ਲਈ ਹਮੇਸ਼ਾ ਆਪਣੇ ਨਾਲ ਪਾਣੀ ਦੀ ਬੋਤਲ ਰੱਖੋ, ਲੱਸੀ, ਨਾਰਿਅਲ ਪਾਣੀ ਅਤੇ ਤਾਜੇ ਫਲਾਂ ਦੇ ਜੂਸ ਦੀ ਲਗਾਤਾਰ ਵਰਤੋਂ ਕਰੋ। ਜੇਕਰ ਬੱਚਿਆਂ ਨੂੰ ਚੱਕਰ ਆਵੇ, ਉਲਟੀ, ਘਬਰਾਹਟ ਜਾਂ ਤੇਜ ਸਿਰ ਪੀੜ ਹੋਵੇ, ਛਾਤੀ ਵਿਚ ਪੀੜ ਹੋਵੇ ਜਾਂ ਸਾਹ ਲੈਣ ਵਿਚ ਤਕਲੀਫ ਹੋ ਰਹੀ ਹੋਵੇ ਤਾਂ ਤੁਰੰਤ ਡਾਕਟਰ ਦੀ ਮਦਦ ਲਵੋ ਈ ਯਕੀਨਨ ਕੁਝ ਅਜਿਹੀਆਂ ਅਹਿਮ ਸਾਵਧਾਨੀਆਂ ਵਰਤ ਕੇ ਤੇਜ ਗਰਮੀ ਅਤੇ ਲੂ ਤੋਂ ਆਪਣਾ ਤੇ ਆਪਣੇ ਹੋਰ ਪਰਿਵਾਰਕ ਮੈਂਬਰਾਂ ਦਾ ਬਚਾਅ ਕੀਤਾ ਜਾ ਸਕਦਾ ਏ।

-----------------------------------------------------------

ਮੌਸਮ ਵਿਭਾਗ ਨੇ ਦੇਸ਼ ਦੇ ਉੱਤਰ-ਪੱਛਮੀ, ਉੱਤਰੀ ਅਤੇ ਪੂਰਬੀ ਹਿੱਸਿਆਂ ਵਿੱਚ ਗਰਮੀ ਦਾ ਓਰੇਂਜ ਅਲਰਟ ਜਾਰੀ ਕੀਤਾ ਏ। ਅਗਲੇ ਤਿੰਨ ਤੋਂ ਚਾਰ ਦਿਨਾਂ ਤੱਕ, ਪੰਜਾਬ, ਹਰਿਆਣਾ, ਉੱਤਰ ਪ੍ਰਦੇਸ਼, ਬਿਹਾਰ, ਝਾਰਖੰਡ, ਛੱਤੀਸਗੜ੍ਹ ਅਤੇ ਉੜੀਸਾ ਦੇ ਕੁਝ ਹਿੱਸਿਆਂ ਵਿੱਚ ਅੱਤ ਦੀ ਗਰਮੀ ਦੀ ਲਹਿਰ ਜਾਰੀ ਰਹੇਗੀ। ਵਿਭਾਗ ਦੇ ਸੀਨੀਅਰ ਵਿਗਿਆਨੀ ਡਾ: ਆਰ.ਕੇ. ਜੇਨਾਮਨੀ ਨੇ ਆਕਾਸ਼ਵਾਣੀ ਨੂੰ ਦੱਸਿਆ ਕਿ ਆਉਣ ਵਾਲੇ ਦਿਨਾਂ ਦੌਰਾਨ ਇਨ੍ਹਾਂ ਇਲਾਕਿਆਂ 'ਚ ਔਸਤ ਤਾਪਮਾਨ 5 ਤੋਂ 6 ਡਿਗਰੀ ਸੈਲਸੀਅਸ ਵਧ ਸਕਦਾ ਏ। ਪ੍ਰੀ-ਮਾਨਸੂਨ ਦੇ ਪਛੜ ਜਾਣ ਕਾਰਨ ਮਾਲਵਾ ਪੱਟੀ ਦੇ ਕਿਸਾਨਾਂ ਨੇ ਹੁਣ ਝੋਨਾ ਲਾਉਣ ਦੀ ਰਫ਼ਤਾਰ ਘਟਾ ਦਿੱਤੀ ਏ। ਮੌਸਮ ਵੱਲੋਂ ਸਾਥ ਨਾ ਦੇਣ ਕਾਰਨ ਝੋਨੇ ਦੀ ਰਫਤਾਰ ਢਿੱਲੀ ਪੈ ਗਈ ਏ। ਹੁਣ ਲਗਾਤਾਰ ਕਈ ਦਿਨਾਂ ਤੋਂ ਪੈ ਰਹੀ ਗਰਮੀ ਨੇ ਝੋਨਾ ਚਲਾਉਣ ਵਿਚ ਦਿਕੱਤਾਂ ਖੜ੍ਹੀਆਂ ਕਰ ਦਿੱਤੀਆਂ ਨੇ। ਖੇਤੀ ਮਾਹਿਰਾਂ ਨੇ ਕਿਹਾ ਕਿ ਪ੍ਰੀ-ਮਾਨਸੂਨ ਦੀ ਗੈਰ-ਹਾਜ਼ਰੀ ਵਿਚ ਇਸ ਤੋਂ ਪਹਿਲਾਂ ਜਿਹੜੇ ਕਿਸਾਨਾਂ ਨੇ ਝੋਨੇ ਨੂੰ ਖੇਤਾਂ ਵਿਚ ਲਾ ਦਿੱਤਾ ਏ , ਉਹ

ਵੀ ਪਾਣੀ ਤੱਤਾ ਹੋਣ ਕਾਰਨ ਮੱਚਣ ਲੱਗ ਪਿਆ ਏ। ਬਹੁਤੇ ਕਿਸਾਨਾਂ ਨੇ ਹੁਣ ਝੋਨੇ ਨੂੰ ਲਾਉਣ ਦੀ ਥਾਂ ਥੋੜ੍ਹੇ ਦਿਨ ਖੜ੍ਹਕੇ ਝੋਨਾ ਲਾਉਣ ਨੂੰ ਤਰਜ਼ੀਹ ਦਿੱਤੀ ਜਾਣ ਲੱਗੀ ਏ। ਮਾਨਸੂਨ ਵਿਚ ਲਗਾਤਾਰ ਹੋ ਰਹੀ ਦੇਰੀ ਨੂੰ ਵੇਖਦਿਆਂ ਖੇਤੀਬਾੜੀ ਵਿਭਾਗ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਵਿਗਿਆਨੀਆਂ ਨੇ ਮੰਨਿਆ ਏ ਕਿ ਮੌਜੂਦਾ ਸਥਿਤੀ ਵਿਚ 11 ਜੂਨ ਤੋਂ ਲੱਗਣ ਲੱਗਿਆ ਝੋਨਾ ਲੱਗਣਸਾਰ ਤੁਰਨਾ ਔਖਾ ਹੋ ਗਿਆ ਏ।

## <u>ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>

- ਕੇਂਦਰ ਸਰਕਾਰ, ਕਣਕ ਦੀ ਬਾਜ਼ਾਰੀ ਕੀਮਤ 'ਤੇ ਕਰੜੀ ਨਜ਼ਰ ਰੱਖ ਰਹੀ ਏ।
- NCC ਡਾਇਰੈਕਟੋਰੇਟ ਵੱਲੋਂ ਚੰਡੀਗੜ੍ਹ ਵਿਖੇ ਸੈਮੀਨਾਰ ਕਰਵਾਇਆ ਗਿਆ।
- ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਪਾਕਿਸਤਾਨ ਜਾਣ ਲਈ 316 ਸ਼ਰਧਾਲੂਆਂ ਨੂੰ ਵੀਜ਼ੇ ਮਿਲੇ।

- ਜਲੰਧਰ ਵਿਖੇ 114 ਬਟਾਲੀਅਨ ਰੈਪਿਡ ਐਕਸ਼ਨ ਫੋਰਸ ਵਲੋਂ ਖ਼ੂਨਦਾਨ ਕੈਂਪ ਦਾ ਆਯੋਜਨ।